# ਪ੍ਰੈਸ ਨੋਟ

## ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਕਾਰਵਾਈ

## 6 ਵੱਖ-ਵੱਖ ਮੁੱਕਦਮਿਆਂ ਵਿੱਚ 2700 ਲੀਟਰ ਲਾਹਣ, 6 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ, 4 ਕਿਲੋਗ੍ਰਾਮ ਪੋਸਤ ਦੇ ਹਰੇ ਬੂਟੇ/ਡੋਡੇ ਅਤੇ 10 ਗ੍ਰਾਮ ਹੈਰੋਇਨ ਸਮੇਤ 7 ਵਿਅਕਤੀ ਗ੍ਰਿਫਤਾਰ।

ਸ੍ਰੀ ਮੁਕਤਸਰ ਸਾਹਿਬ (      ) ਸ੍ਰੀ ਗੋਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲਾ ਅੰਦਰ ਨਸ਼ਿਆਂ ਖਿਲਾਫ ਮੁਹਿੰਮ ਵਿੱਡੀ ਗਈ ਹੈ ਜਿਸ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਉੱਥੇ ਹੀ ਨਸ਼ਾ ਤਸਕਰਾਂ ਨੂੰ ਫੜ ਕੇ ਉਹਨਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਸ. ਮਨਮੀਤ ਸਿੰਘ ਢਿੱਲੋ ਐਸ.ਪੀ (ਡੀ) ਦੀ ਨਿਗਰਾਨੀ ਹੇਠ ਸ.ਫਤਿਹ ਸਿੰਘ ਬਰਾੜ ਡੀ.ਐਸ.ਪੀ(ਲੰਬੀ),ਸ੍ਰੀ ਪਵਨਜੀਤ ਡੀ.ਐਸ.ਪੀ (ਮਲੋਟ), ਸ. ਸਤਨਾਮ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ) ਦੀ ਨਿਗਰਾਨੀ ਹੇਠ ਥਾਣਾ ਲੰਬੀ,ਥਾਣਾ ਸਦਰ ਮਲੋਟ ,ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਪੁਲਿਸ ਪਾਰਟੀ ਵੱਲੋਂ ਕਾਰਵਾਈ ਕਰਦੇ ਹੋਏ 6 ਵੱਖ-ਵੱਖ ਮੁੱਕਦਮਿਆਂ ਵਿੱਚ 2700  ਲੀਟਰ ਲਾਹਣ,12¼ ਬੋਤਲਾਂ ਨਜਾਇਜ਼ ਸ਼ਰਾਬ,6 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ,4 ਕਿਲੋਗ੍ਰਾਮ ਪੋਸਤ ਦੇ ਹਰੇ ਬੂਟੇ/ਡੋਡੇ ਅਤੇ 10 ਗ੍ਰਾਮ ਹੈਰੋਇਨ ਸਮੇਤ 7 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ।

**ਕੇਸ ਨੰਬਰ 1**

ਥਾਣਾ ਸਦਰ ਮਲੋਟ ਪੁਲਿਸ ਵੱਲੋਂ ਮੁਖਬਰ ਦੀ ਇਤਲਾਹ ਤੇ ਜਤਿੰਦਰ ਸਿੰਘ ਉਰਫ ਜੀਤਾ ਪੁੱਤਰ ਗੁਰਚਰਨ ਸਿੰਘ ਵਾਸੀ ਪਿੰਡ ਈਨਾਖੇੜਾ ਤੋਂ 200 ਲੀਟਰ ਲਾਹਣ ਬ੍ਰਾਮਦ ਕੀਤੀ। ਜਿਸ ਤੇ ਪੁਲਿਸ ਵੱਲੋਂ ਮੁਕੱਦਮਾ ਨੰਬਰ 30 ਮਿਤੀ 24.03.2024 ਅ/ਧ 61/1/14 ਐਕਸਾਇਜ਼ ਐਕਟ ਥਾਣਾ ਸਦਰ ਮਲੋਟ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

**ਕੇਸ ਨੰਬਰ 2**

ਥਾਣਾ ਲੰਬੀ ਪੁਲਿਸ ਵੱਲੋਂ ਮੁਖਬਰ ਦੀ ਇਤਲਾਹ ਤੇ ਸੁਖਪਾਲ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਲਾਲਬਾਈ ਤੋਂ 1500 ਲੀਟਰ ਲਾਹਣ ਬ੍ਰਾਮਦ ਕੀਤੀ । ਜਿਸ ਤੇ ਪੁਲਿਸ ਵੱਲੋਂ ਮੁਕੱਦਮਾ ਨੰਬਰ 39 ਮਿਤੀ 24.03.2024 ਅ/ਧ 61/1/14 ਐਕਸਾਇਜ਼ ਐਕਟ ਥਾਣਾ ਲੰਬੀ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

**ਕੇਸ ਨੰਬਰ 3**

ਥਾਣਾ ਲੰਬੀ ਪੁਲਿਸ ਵੱਲੋਂ ਮੁਖਬਰ ਦੀ ਇਤਲਾਹ ਤੇ ਕਾਕਾ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਪਿੰਡ ਮਾਨ ਤੋਂ 1000 ਲੀਟਰ ਲਾਹਣ ਅਤੇ 12¼ ਬੋਤਲਾਂ ਨਜਾਇਜ਼ ਸ਼ਰਾਬ ਬ੍ਰਾਮਦ ਕੀਤੀ । ਜਿਸ ਤੇ ਪੁਲਿਸ ਵੱਲੋਂ ਮੁਕੱਦਮਾ ਨੰਬਰ 40 ਮਿਤੀ 24.03.2024 ਅ/ਧ 61/1/14 ਐਕਸਾਇਜ਼ ਐਕਟ ਥਾਣਾ ਲੰਬੀ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

**ਕੇਸ ਨੰਬਰ 4**

ਥਾਣਾ ਲੰਬੀ ਪੁਲਿਸ ਵੱਲੋਂ ਮੁਖਬਰ ਦੀ ਇਤਲਾਹ ਤੇ ਹਰਨੇਕ ਸਿੰਘ ਪੁੱਤਰ ਗੁਰਦਾਸ ਸਿੰਘ ਵਾਸੀ ਪਿੰਡ ਲਾਲਬਾਈ ਤੋਂ 04 ਕਿਲੋਗ੍ਰਾਮ ਪੋਸਟ ਦੇ ਹਰੇ ਬੂਟੇ/ਡੋਡੇ ਸਮੇਤ ਗੱਟਾ ਪਲਾਸਟਿਕ ਬ੍ਰਾਮਦ ਕੀਤਾ । ਜਿਸ ਤੇ ਪੁਲਿਸ ਵੱਲੋਂ ਮੁਕੱਦਮਾ ਨੰਬਰ 42 ਮਿਤੀ 24.03.2024 ਅ/ਧ 15B.8B/61/85 ਐਨ.ਡੀ.ਪੀ.ਐਸ ਐਕਟ ਥਾਣਾ ਲੰਬੀ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

**ਕੇਸ ਨੰਬਰ 5**

ਥਾਣਾ ਲੰਬੀ ਪੁਲਿਸ ਵੱਲੋਂ ਸ਼ੱਕੀ ਪੁਰਸ਼ਾਂ ਅਤੇ ਵਹੀਕਲਾਂ ਦੀ ਚੈਕਿੰਗ ਦੇ ਸਬੰਧ ਡੱਬ ਵਾਲੀ ਮਲੋਟ ਰੋਡ ਤੇ ਨਾਕਾਬੰਦੀ ਕੀਤੀ ਹੋਈ ਸੀ ਤਾਂ ਮਲੋਟ ਦੀ ਤਰਫੋਂ ਇੱਕ ਵਿਅਕਤੀ ਮੋਟਰਸਾਈਕਲ ਸੀ.ਡੀ ਡੀਲੱਕਸ ਨੰਬਰ PB 51C 0903 ਤੇ ਆਉਂਦਾ  ਦਿਖਾਈ ਦਿੱਤਾ । ਜਿਸ ਨੂੰ ਸ਼ੱਕ ਦੀ ਬਿਨਾਂ ਪਰ ਰੋਕ ਕੇ ਵਿਅਕਤੀ ਦਾ ਨਾਮ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਪੂਰਨ ਸਿੰਘ ਪੁੱਤਰ ਪਾਲਾ ਸਿੰਘ ਵਾਸੀ ਪਿੰਡ ਖਹਿਰਾ ਕੱਲਾਂ ਜਿਲ੍ਹਾ ਮਾਨਸਾ ਦੱਸਿਆ। ਪੁਲਿਸ ਵੱਲੋਂ ਸ਼ੱਕ ਦੇ ਅਧਾਰ ਤੇ ਉਸ ਦੇ ਸਮਾਨ ਦੀ ਤਲਾਸ਼ੀ ਕੀਤੀ ਤਾਂ ਉਹਨਾਂ ਪਾਸੋਂ 06 ਕਿੱਲੋ ਭੁੱਕੀ ਚੂਰਾ ਪੋਸਤ ਬ੍ਰਾਮਦ ਹੋਈ। ਜਿਸ ਤੇ ਉਕਤ ਦੋਸ਼ੀ ਤੇ ਥਾਣਾ ਲੰਬੀ ਪੁਲਿਸ ਵਲੋਂ ਮੁੱਕਦਮਾ ਨੰ 41 ਮਿਤੀ 24.03.2024 ਅ/ਧ 15B/61/85 ਐਨ.ਡੀ.ਪੀ.ਐਸ ਐਕਟ ਥਾਣਾ ਲੰਬੀ ਵਿਖੇ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

**ਕੇਸ ਨੰਬਰ 6**

ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਬੂੜਾਗੁੱਜਰ ਰੋਡ ਤੇ ਮੌਜੂਦ ਸੀ ਤਾਂ ਇੱਕ ਵਿਅਕਤੀ ਅਤੇ ਇੱਕ ਔਰਤ ਨੂੰ ਸ਼ੱਕ ਦੇ ਆਧਾਰ ਤੇ ਨਾਮ ਪਤਾ ਪੁੱਛਿਆ ਤਾਂ ਉਹਨਾਂ ਨੇ ਆਪਣਾ ਨਾਮ ਰਾਹੁਲ ਪੁੱਤਰ ਰਾਮ ਲਾਲ ਵਾਸੀ ਖੱਟੀਕਾ ਵਾਲਾ ਮਹੱਲਾ ਸ੍ਰੀ ਮੁਕਤਸਰ ਸਾਹਿਬ ਅਤੇ ਔਰਤ ਨੇ ਆਪਣਾ ਨਾਮ ਨੰਦਨੀ ਪਤਨੀ ਰੋਹਿਤ ਵਾਸੀ ਆਦਰਸ਼ ਨਗਰ ਸ੍ਰੀ ਮੁਕਤਸਰ ਸਾਹਿਬ ਦੱਸਿਆ। ਪੁਲਿਸ ਨੇ ਸ਼ੱਕ ਦੇ ਆਧਾਰ ਤੇ ਉਨਾਂ ਦੇ ਸਮਾਨ ਨੂੰ ਚੈੱਕ ਕੀਤਾ ਤਾਂ ਉਸ ਵਿੱਚੋ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸ ਤੇ ਉਕਤ ਦੋਸ਼ੀਆ ਤੇ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਪੁਲਿਸ ਵਲੋਂ ਮੁੱਕਦਮਾ ਨੰ 50 ਮਿਤੀ 24.03.2024 ਅ/ਧ 21A/61/85 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।